ਵਰਲਡ ਪੰਜਾਬੀ ਟਾਈਮਜ਼
WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 24 ਮਾਰਚ 2026 ਦਿਨ ਮੰਗਲਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼

ਵਿਸ਼ਵ ਪੰਜਾਬੀ ਸਾਹਿਤ ਅਕਾਦਮੀ ਕੈਲੀਫੋਰਨੀਆ ਵੱਲੋਂ ਅਮਰਜੀਤ ਕੌਰ ਪੰਨੂੰ ਦੀ ਪੁਸਤਕ 'ਸੁੱਚਾ ਗੁਲਾਬ' 'ਤੇ ਗੋਸ਼ਟੀ 29 ਮਾਰਚ ਨੂੰ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ



ਹੇਵਰਡ, 24ਮਾਰ ਚ : ਵਿਸ਼ਵ ਪੰਜਾਬੀ ਸਾਹਿਤ ਅਕਾਦਮੀ (ਵਿਪਸਾਅ) ਵੱਲੋਂ ਮਾਂ-ਬੋਲੀ ਅਤੇ ਸਾਹਿਤਕ ਸਰਗਰਮੀਆਂ ਦੀ ਲੜੀ ਨੂੰ ਅੱਗੇ ਤੋਰਦਿਆਂ 29 ਮਾਰਚ, 2026 ਨੂੰ ਇੱਕ ਵਿਸ਼ੇਸ਼ ਸਾਹਿਤਕ ਮਿਲਣੀ ਦਾ ਕਰਵਾਈ ਜਾ ਰਹੀ ਹੈ। ਇਹ ਸਾਹਿਤਕ ਮਿਲਣੀ ਵਿਪਸਾਅ ਦੇ ਕਲਾ ਸਕੱਤਰ ਅਤੇ ਨਾਮਵਰ ਗਾਇਕ ਸੁਖਦੇਵ ਸਾਹਿਲ ਦੇ ਗ੍ਰਹਿ, 340 ਮੌਂਟੀ ਕਾਰੋਲ ਐਵੀਨਿਊ, ਯੂਨੀਅਨ ਸਿਟੀ ਵਿਖੇ ਸਵੇਰੇ 11:30 ਵਜੇ ਆਰੰਭ ਹੋਵੇਗੀ। ਸਮਾਗਮ ਦੇ ਪਹਿਲੇ ਪੜਾਅ ਵਿੱਚ ਬਹੁ-ਪੱਖੀ ਲੇਖਿਕਾ ਅਮਰਜੀਤ ਕੌਰ ਪੰਨੂੰ ਦੇ ਕਹਾਣੀ ਸੰਗ੍ਰਹਿ 'ਸੁੱਚਾ ਗੁਲਾਬ' 'ਤੇ ਗੰਭੀਰ ਸੰਵਾਦ ਰਚਾਇਆ ਜਾਵੇਗਾ। ਪਰਵਾਸੀ ਸਰੋਕਾਰਾਂ ਅਤੇ ਮਾਨਵੀ ਸੰਵੇਦਨਾਵਾਂ ਨੂੰ ਪਰਣਾਏ ਇਸ ਸੰਗ੍ਰਹਿ ਬਾਰੇ ਮੁੱਖ ਪਰਚਾ ਪ੍ਰੋ. ਬਲਜਿੰਦਰ ਸਿੰਘ ਸਵੈਚ ਵੱਲੋਂ ਪੜ੍ਹਿਆ ਜਾਵੇਗਾ। ਇਨ੍ਹਾਂ ਕਹਾਣੀਆਂ ਦੀ ਵਿਲੱਖਣ ਸ਼ੈਲੀ ਅਤੇ ਵਿਗਿਆਨਿਕ ਦ੍ਰਿਸ਼ਟੀਕੋਣ ਜਿੱਥੇ ਸਮਾਜਿਕ ਕੁਰੀਤੀਆਂ ਦੀ ਨਿਸ਼ਾਨਦੇਹੀ ਕਰਦਾ ਹੈ, ਉੱਥੇ ਹੀ ਸੱਚੇ-ਸੁੱਚੇ ਮੋਹ-ਮੁਹੱਬਤ ਦੀਆਂ ਗੂੜ੍ਹੀਆਂ ਇਬਾਰਤਾਂ ਵੀ ਲਿਖਦਾ ਹੈ।

ਗੋਸ਼ਟੀ ਦੇ ਦੌਰਾਨ ਲੇਖਿਕਾ ਨਾਲ ਸਿੱਧਾ ਸੰਵਾਦ ਵੀ ਰਚਾਇਆ ਜਾਵੇਗਾ ਤਾਂ ਜੋ ਰਚਨਾ ਦੇ ਅੰਤਰੀਵ ਭਾਵਾਂ ਨੂੰ ਪਾਠਕਾਂ ਦੇ ਸਨਮੁੱਖ ਕੀਤਾ ਜਾ ਸਕੇ। ਸਮਾਗਮ ਦੇ ਦੂਜੇ ਪੜਾਅ ਵਿੱਚ ਕਾਵਿ-ਮਹਿਫ਼ਲ ਸਜਾਈ ਜਾਵੇਗੀ, ਜਿਸ ਵਿੱਚ ਚੋਟੀ ਦੇ ਸ਼ਾਇਰ ਆਪਣੀਆਂ ਕਲਾਮ ਨਾਲ਼ ਹਾਜ਼ਰੀ ਲਵਾਉਣਗੇ। ਦੁਪਹਿਰ ਦੇ ਪ੍ਰੀਤੀ-ਭੋਜਨ ਉਪਰੰਤ ਸੰਗੀਤਕ ਸੁਰਾਂ ਦੀ ਛਹਿਬਰ ਲੱਗੇਗੀ। ਪ੍ਰਬੰਧਕਾਂ ਵੱਲੋਂ ਸਮੂਹ ਕਲਮਕਾਰਾਂ ਨੂੰ ਪੁਸਤਕ ਪੜ੍ਹ ਕੇ ਆਉਣ ਦੀ ਸਨਿਮਰ ਬੇਨਤੀ ਕੀਤੀ ਗਈ ਹੈ ਤਾਂ ਜੋ ਵਿਚਾਰ-ਵਟਾਂਦਰਾ ਸਾਰਥਕ ਅਤੇ ਗੁਣਾਤਮਕ ਹੋ ਸਕੇ। ਇਸ ਸਾਹਿਤਕ ਇਕੱਤਰਤਾ ਵਿੱਚ ਕੈਲੀਫੋਰਨੀਆ ਦੇ ਨਾਮਵਰ ਚਿੰਤਕਾਂ ਅਤੇ ਸਾਹਿਤ ਪ੍ਰੇਮੀਆਂ ਦੇ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਉਮੀਦ ਹੈ।

ਪੰਜਾਬ-ਨਾਬਾਰਡ ਵੱਲੋਂ ਵਿੱਤਪੋਸ਼ਿਤ ਪ੍ਰੋਜੈਕਟ ਤਹਿਤ ਕਿਸਾਨਾਂ ਦਾ ਇੱਕ ਐਕਸਪੋਜ਼ਰ ਦੌਰਾ

ਕਿਸਾਨਾਂ ਨੂੰ ਡਰੈਗਨ ਫਰੂਟ ਵਰਗੀਆਂ ਘੱਟ ਪਾਣੀ ਦੀ ਲੋੜ ਵਾਲੀਆਂ ਉੱਚ ਮੁੱਲ ਫਸਲਾਂ ਅਪਣਾਉਣ ਲਈ ਪ੍ਰੇਰਿਤ ਕਰਨ : ਢਿੱਲੋਂ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ

ਕੋਟਕਪੂਰਾ, 24 ਮਾਰਚ : ਪੰਜਾਬ-ਨਾਬਾਰਡ ਵੱਲੋਂ ਵਿੱਤਪੋਸ਼ਿਤ ਪ੍ਰੋਜੈਕਟ ਤਹਿਤ ਕਿਸਾਨਾਂ ਦਾ ਇੱਕ ਐਕਸਪੋਜ਼ਰ ਦੌਰਾ ਮੋਰਾਂਵਾਲੀ (ਫਰੀਦਕੋਟ) ਸਥਿੱਤ ਵਿਰਕ ਫਰੂਟ ਫਾਰਮ 'ਤੇ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਜਿਸਦਾ ਪਹਿਲਾ ਉਦੇਸ਼ ਟਿਕਾਊ ਖੇਤੀ ਪ੍ਰਣਾਲੀਆਂ ਨੂੰ ਉਤਸ਼ਾਹਿਤ ਕਰਨਾ ਅਤੇ ਕਿਸਾਨਾਂ ਨੂੰ ਡਰੈਗਨ ਫਰੂਟ ਵਰਗੀਆਂ ਘੱਟ ਪਾਣੀ ਦੀ ਲੋੜ ਵਾਲੀਆਂ ਉੱਚ ਮੁੱਲ ਫਸਲਾਂ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ। ਇਸ ਪ੍ਰੋਗਰਾਮ ਵਿੱਚ ਇੰਜ. ਅਮਰਜੀਤ ਸਿੰਘ ਢਿੱਲੋਂ, ਮੈਂਬਰ, ਬੋਰਡ

ਆਫ ਮੈਨੇਜਮੈਂਟ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (ਪੀ.ਏ.ਯੂ.) ਸ਼ਾਮਲ ਹੋਏ। ਨੈਸ਼ਨਲ ਬੈਂਕ ਫਾਰ ਐਗਰੀਕਲਚਰ ਐਂਡ ਰੂਰਲ ਡਿਵੈਲਪਮੈਂਟ (ਨਾਬਾਰਡ) ਦੇ ਪ੍ਰਤੀਨਿਧੀਆ ਵਿਚ ਸੁਰੇਸ਼ ਕੁਮਾਰ ਡਿਸਟ੍ਰਿਕਟ ਡਿਵੈਲਪਮੈਂਟ ਮੈਨੇਜਰ ਫਰੀਦਕੋਟ ਅਤੇ ਰਾਮੇਸ਼ਵਰ ਦਾਸ ਲੀਡ ਡਿਸਟ੍ਰਿਕਟ ਮੈਨੇਜਰ ਫਰੀਦਕੋਟ ਨੇ ਵੀ ਸ਼ਿਰਕਤ ਕੀਤੀ ਅਤੇ ਕਿਸਾਨਾਂ ਨਾਲ ਸੰਵਾਦ ਕੀਤਾ। ਇਹ ਦੌਰਾ ਪ੍ਰਗਤੀਸ਼ੀਲ ਮਹਿਲਾ ਕਿਸਾਨ ਸ਼੍ਰੀਮਤੀ ਰਜਿੰਦਰ ਕੌਰ ਵਿਰਕ ਦੁਆਰਾ ਚਲਾਏ ਜਾ ਰਹੇ ਵਿਰਕ ਫਰੂਟ ਫਾਰਮ 'ਤੇ ਕਰਵਾਇਆ ਗਿਆ, ਜੋ ਨਵੀਂ ਸੋਚ ਅਤੇ ਫਸਲ ਵਿਭਿੰਨਤਾ ਦਾ ਇੱਕ ਮਾਡਲ ਹੈ। ਕਿਸਾਨਾਂ ਨੂੰ ਡਰੈਗਨ ਫਰੂਟ ਦੀ ਹਾਈ-ਟੈਕ ਖੇਤੀ ਦੇ ਨਾਲ-ਨਾਲ ਅਮਰੂਦ, ਸੇਬ, ਕਿਨੂ ਅਤੇ ਪਪੀਤਾ ਵਰਗੀਆਂ ਹੋਰ ਫਲਦਾਰ ਫਸਲਾਂ ਦੀ ਕਾਸ਼ਤ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਦੌਰੇ ਦੌਰਾਨ ਬਾਗਬਾਨੀ ਪ੍ਰਬੰਧਨ, ਪਾਣੀ ਦੇ ਸਮਰਥਿਤ ਉਪਯੋਗ ਅਤੇ ਫਲ ਆਧਾਰਿਤ ਖੇਤੀ ਪ੍ਰਣਾਲੀਆਂ ਦੇ ਆਰਥਿਕ ਲਾਭਾਂ ਬਾਰੇ ਵਿਆਹਾਰਿਕ ਜਾਣਕਾਰੀ ਪ੍ਰਦਾਨ ਕੀਤੀ ਗਈ। ਇਸ ਮੌਕੇ ਮਾਹਿਰਾਂ ਵੱਲੋਂ ਡਰੈਗਨ ਫਰੂਟ ਦੀ ਮਹੱਤਤਾ 'ਤੇ ਰੋਸ਼ਨੀ ਪਾਈ ਗਈ, ਜਿਸ ਨੂੰ ਇੱਕ ਮੌਸਮ-ਲਚੀਲਾ ਅਤੇ ਘੱਟ ਪਾਣੀ ਦੀ ਲੋੜ ਵਾਲੀ ਫਸਲ ਦੱਸਿਆ ਗਿਆ, ਜੋ ਪਾਣੀ ਦੀ ਘਾਟ ਵਾਲੇ ਖੇਤਰਾਂ ਲਈ ਬਹੁਤ ਹੀ ਉਪਯੋਗੀ ਹੈ। ਕਿਸਾਨਾਂ ਨੇ ਅਜਿਹੀਆਂ ਨਵੀਂ ਤਕਨੀਕਾਂ ਨੂੰ ਅਪਣਾਉਣ ਵਿੱਚ ਗਹਿਰੀ ਦਿਲਚਸਪੀ ਦਿਖਾਈ, ਜਿਸ ਨਾਲ ਉਹ ਆਪਣੀ ਆਮਦਨ ਵਿੱਚ ਵਾਧਾ ਕਰ ਸਕਣ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਵੀ ਕਰ ਸਕਣ। ਇਸ ਐਕਸਪੋਜ਼ਰ ਦੌਰੇ ਦਾ ਸੰਯੋਜਨ ਡਾ. ਅਰਮਦੀਪ ਕੌਰ ਹੋਰਟੀਕਲਚਰਿਸਟ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਰੀਜਨਲ ਰਿਸਰਚ ਸਟੇਸ਼ਨ, ਫਰੀਦਕੋਟ ਵੱਲੋਂ ਬਹੁਤ ਸੁਚੱਜੇ ਢੰਗ ਨਾਲ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸੰਸਥਾਗਤ ਸਹਿਯੋਗ ਅਤੇ ਕਿਸਾਨ ਜਾਗਰੂਕਤਾ ਨਾਲ ਖੇਤਰ ਵਿੱਚ ਨਵੀਂ ਬਾਗਬਾਨੀ ਫਸਲਾਂ ਦੇ ਅਪਣਾਉਣ ਨੂੰ ਤੇਜ਼ੀ ਮਿਲ ਸਕਦੀ ਹੈ। ਪ੍ਰੋਗਰਾਮ ਦੇ ਅੰਤ 'ਤੇ ਧੰਨਵਾਦ ਪ੍ਰਸਤਾਵ ਨਾਲ ਸਮਾਪਤੀ ਹੋਈ ਅਤੇ ਸਾਰਿਆਂ ਵੱਲੋਂ ਪੰਜਾਬ ਵਿੱਚ ਟਿਕਾਊ ਖੇਤੀ, ਪਾਣੀ ਸੰਰੱਖਣ ਅਤੇ ਫਸਲ ਵਿਭਿੰਨਤਾ ਨੂੰ ਅੱਗੇ ਵਧਾਉਣ ਲਈ ਆਪਣੀ ਵਚਨਬੱਧਤਾ ਦੁਹਰਾਈ ਗਈ।

ਟਵੰਟੀ-ਟਵੰਟੀ ਕ੍ਰਿਕਟ ਗਰਾਊਂਡ ਸੰਧਵਾਂ ਵਿਖੇ ਹੋਏ ਮੁਕਾਬਲੇ

ਸ਼ਾਈਨ ਜਿਊਲਰਜ਼ ਨੇ ਐਸ.ਬੀ.ਐਸ. ਕਲੱਬ ਨੂੰ ਹਰਾ ਕੇ ਜਿੱਤੀ ਟਰਾਫ਼ੀ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ

ਕੋਟਕਪੂਰਾ, 24 ਮਾਰਚ : ਕੋਟਕਪੂਰਾ ਟਵੰਟੀ ਟਵੰਟੀ ਕ੍ਰਿਕਟ ਗਰਾਊਂਡ ਸੰਧਵਾ ਨੇ ਇਹ ਗਰਾਊਂਡ ਬਣਾ ਕੇ ਨੌਜਵਾਨਾਂ ਲਈ ਇੱਕ ਵੱਡਾ ਪਲੇਟਫਾਰਮ ਤਿਆਰ ਕੀਤਾ ਹੈ। ਜਿੱਥੇ ਹਰ ਤਰ੍ਹਾਂ ਦੇ ਖਿਡਾਰੀ ਕ੍ਰਿਕਟ ਖੇਡ ਕੇ ਆਪਣਾ ਮਨੋਰੰਜਨ ਕਰਕੇ ਆਪਣੀ ਸਿਹਤ ਦਾ ਧਿਆਨ ਰੱਖਦੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਦੂਜੇ ਡਾ. ਸੁਖਦੇਵ ਦੰਦਾ ਦਾ ਹਸਪਤਾਲ ਕ੍ਰਿਕਟ ਕੱਪ ਦੇ ਉਦਘਾਟਨ ਕਰਨ ਸਮੇਂ ਉੱਘੇ ਸਮਾਜ ਸੇਵੀ ਦਿਲਾਵਰ ਸਿੰਘ ਢੀਮਾਵਾਲੀ ਨੇ ਆਪਣੇ ਸੰਬੋਧਨ ਦੌਰਾਨ ਕਹੇ। ਉਹਨਾਂ ਨੇ ਨੌਜਵਾਨਾਂ ਨੂੰ ਸੰਬੋਧਨ ਦੌਰਾਨ ਕਿਹਾ ਕਿ ਅੱਜ ਨੌਜਵਾਨ ਗਰਾਊਂਡਾਂ ਨਾਲ ਜੁੜ ਕੇ ਹੀ ਜ਼ਿੰਦਗੀ ਵਿੱਚ ਨਿਮਰਤਾ ਅਤੇ ਨਿਯਮ ਬੱਧਤਾ ਚ ਪਰਪੱਕ ਹੋ ਸਕਦੇ ਹਨ ਅਤੇ ਜਿੱਤ ਹਾਰ ਸਾਡੀ ਜ਼ਿੰਦਗੀ ਦਾ ਹਿੱਸਾ ਹੈ। ਸਾਨੂੰ ਜ਼ਿੰਦਗੀ ਵਿੱਚ ਜਿੱਤ ਦੀ ਬਹੁਤੀ ਖੁਸ਼ੀ ਅਤੇ ਹਾਰ ਦਾ ਗਮ ਨਾ ਕਰਨਾ ਵੀ ਇਹ ਗਰਾਊਂਡਾਂ ਹੀ ਸਿਖਾਉਂਦੀਆਂ ਹਨ। ਦੂਸਰੇ ਸੁਖਦੇਵ ਦੰਦਾ ਦਾ ਹਸਪਤਾਲ ਕ੍ਰਿਕਟ ਕੱਪ ਦੇ ਮੁੱਖ ਸਪੋਂਸਰ ਡਾ. ਸੰਦੀਪ ਸਿੰਘ ਨੇ ਦੱਸਿਆ ਕਿ ਵਧੀਆ ਲੱਗਦਾ ਜਦੋਂ ਸਾਡੇ ਲੋਗੋ ਵਾਲੀਆਂ ਟੀ ਸ਼ਰਟਾਂ ਪਾ ਕੇ ਖਿਡਾਰੀ ਖੇਡਦੇ ਹਨ ਤਾਂ ਸਾਨੂੰ ਵੀ ਇੱਕ ਵੱਡੇ ਪਲੇਟਫਾਰਮ ਦਾ ਹਿੱਸਾ ਬਣਨ ਦਾ ਮੌਕਾ ਮਿਲਦਾ ਹੈ। ਜਿਸ ਨਾਲ ਸਮਾਜ ਲਈ ਕੁਝ ਚੰਗਾ ਕਰਨ ਲਈ ਦਾ ਸੁਪਨਾ ਵੀ ਪੂਰਾ ਹੋਇਆ ਅਤੇ ਨੌਜਵਾਨ ਖਿਡਾਰੀਆਂ ਨੂੰ ਇਸ ਟੂਰਨਾਮੈਂਟ ਵਿੱਚ ਖੇਡਣ ਲਈ ਧੰਨਵਾਦ ਵੀ ਕੀਤਾ। ਗਰਾਊਂਡ ਦੇ ਸੰਸਥਾਪਕ ਬਲਜੀਤ ਸਿੰਘ ਖੀਵਾ ਅਤੇ ਹਰਪ੍ਰੀਤ ਸਿੰਘ ਹਨੀ ਨੇ ਦੱਸਿਆ ਕਿ ਇਸ ਗਰਾਊਂਡ ਵਿੱਚ ਦਿਨ ਦੇ ਨਾਲ ਨਾਲ ਰਾਤ ਵਾਲੇ ਟੂਰਨਾਮੈਂਟ ਵਿੱਚ ਖਿਡਾਰੀ ਵਧੇਰੇ ਉਤਸ਼ਾਹ ਨਾਲ ਖੇਡਦੇ ਹਨ ਇਹ ਗਰਾਉਂਡ ਕਾਰੋਬਾਰੀ, ਨੌਕਰੀ ਪੇਸ਼ਾ ਖਿਡਾਰੀਆਂ ਲਈ ਬਹੁਤ ਲਾਹੇਵੰਦ ਹੈ। ਜਿੱਥੇ ਖਿਡਾਰੀ ਖੇਡ ਕੇ ਆਪਣੀ ਮਾਨਸਿਕ ਅਤੇ ਸਰੀਰਕ ਤੰਦਰੁਸਤੀ ਦਾ ਧਿਆਨ ਰੱਖਦੇ ਹਨ। ਗਰਾਊਂਡ ਦੇ ਮੈਨੇਜਰ ਸੁਖ ਸ਼ਰਮਾ ਨੇ ਦੱਸਿਆ ਕਿ ਇਸ ਦਿਨ ਵਾਲੇ ਟੂਰਨਾਮੈਂਟ ਵਿੱਚ 7 ਟੀਮਾਂ ਭਾਗ ਲੈ ਰਹੀਆਂ ਹਨ ਜਿਨਾਂ ਦੇ ਮੈਚ ਕੇਵਲ ਸ਼ਨੀਵਾਰ ਅਤੇ ਐਤਵਾਰ ਹੀ ਕਰਵਾਏ ਜਾਂਦੇ ਹਨ ਤਾਂ ਜੋ ਸਰਕਾਰੀ ਪ੍ਰਾਈਵੇਟ ਨੌਕਰੀ ਵਾਲੇ ਵੀ ਆਪਣੇ ਖੇਡਣ ਦੇ ਸੁਪਨੇ ਨੂੰ ਪੂਰਾ ਕਰ ਸਕਣ। ਅੱਜ ਦੇ ਇਸ ਉਦਘਾਟਨੀ ਮੈਚ ਵਿੱਚ ਐਸ.ਬੀ.ਐਸ ਕਲੱਬ ਅਤੇ ਸ਼ਾਈਨ ਜਿਊਲਰ ਮੱਲਕੇ ਵਿਚਕਾਰ ਖੇਡਿਆ ਗਿਆ। ਸ਼ਾਈਨ ਜਿਊਲਰ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ 24 ਓਵਰਾਂ ਵਿੱਚ 272 ਰਨ ਬਣਾਏ ਪਰ ਐਸ.ਬੀ.ਐਸ ਕਲੱਬ ਕੇਵਲ 114 ਰਨ ਬਣਾ ਕੇ ਹੀ ਟੀਮ ਆਲ ਆਊਟ ਹੋ ਗਈ। ਇਸ ਸਮੇਂ ਹੋਰਨਾਂ ਤੋਂ ਇਲਾਵਾ ਸਮਾਜਸੇਵੀ ਮੋਨੂੰ ਭਲਵਾਨ, ਹੈਪੀ ਸਰਪੰਚ ਦੁਆਰੇਆਣਾ, ਅੰਮਪਾਇਰ ਗੁਰਵਿੰਦਰ ਸਿੰਘ, ਪੰਕਜ ਮਹਿਰਾ, ਸੰਨੀ ਸੰਧਵਾਂ ਅਤੇ ਸੈਂਕੜੇ ਕ੍ਰਿਕਟ ਪ੍ਰੇਮੀ ਹਾਜ਼ਰ ਸਨ।

ਪੰਜਾਬ ਦੇ ਪੌਣ-ਪਾਣੀ ਨੂੰ ਬਚਾਉਣ ਲਈ ਖੇਤੀ ਵਿਭਿੰਨਤਾ ਅਪਨਾਉਣਾ ਸਮੇਂ ਦੀ ਲੋੜ – ਸ ਗੁਰਮੀਤ ਸਿੰਘ ਖੁੱਡੀਆਂ

ਵਰਲਡ ਪੰਜਾਬੀ ਟਾਈਮਜ਼

ਬਠਿੰਡਾ 24 ਮਾਰਚ : ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਖੇਤਰੀ ਖੋਜ ਕੇਂਦਰ, ਬਠਿੰਡਾ ਵਿਖੇ ਸਾਉਣੀ ਦੀਆਂ ਫਸਲਾਂ ਦਾ ਕਿਸਾਨ ਮੇਲਾ ਲਗਾਇਆ ਗਿਆ ਜਿਸ ਵਿੱਚ ਵੱਡੀ ਤਾਦਾਦ ਵਿੱਚ ਕਿਸਾਨਾਂ ਅਤੇ ਕਿਸਾਨ ਬੀਬੀਆਂ ਨੇ ਸਿਰਕਤ ਕੀਤੀ| 'ਖੇਤੀ ਵਿਭਿੰਨਤਾ ਅਪਣਾਓ, ਵਡਮੁੱਲਾ ਵਾਤਾਵਰਣ ਬਚਾਓ' ਦੇ ਉਦੇਸ ਨੂੰ ਲੈ ਕੇ ਲਗਾਏ ਇਸ ਕਿਸਾਨ ਮੇਲੇ ਵਿੱਚ ਸ੍ਰ ਗੁਰਮੀਤ ਸਿੰਘ ਖੁੱਡੀਆਂ, ਮਾਨਯੋਗ ਕੈਬਨਿਟ ਮੰਤਰੀ, ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ ਤੇ ਡੇਅਰੀ ਵਿਕਾਸ, ਮੱਛੀ ਪਾਲਣ ਅਤੇ ਫੂਡ ਪ੍ਰੋਸੈਸਿੰਗ, ਪੰਜਾਬ ਮੁੱਖ ਮਹਿਮਾਨ ਵਜੋਂ, ਸ ਮੋਹਨ ਸਿੰਘ ਜਾਖੜ, ਮੈਬੰਰ ਪ੍ਰਬੰਧਕੀ ਬੋਰਡ, ਪੀਏਯੂ ਅਤੇ ਸ ਜਗਰੂਪ ਸਿੰਘ ਗਿੱਲ, ਹਲਕਾ ਵਿਧਾਇਕ ਬਠਿੰਡਾ (ਸਹਿਰੀ) ਵਿਸੇਸ ਮਹਿਮਾਨ ਵਜੋ ਂਸਾਮਲ ਹੋਏ| ਕਿਸਾਨ ਮੇਲੇ ਦੀ ਪ੍ਰਧਾਨਗੀ ਡਾ ਸਤਿਬੀਰ ਸਿੰਘ ਗੋਸਲ, ਵਾਈਸ ਚਾਂਸਲਰ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਨੇ ਕੀਤੀ| ਇਸ ਮੌਕੇ ਸ੍ਰੀ ਜਤਿੰਦਰ ਸਿੰਘ ਭੱਲਾ, ਚੇਅਰਮੈਨ, ਇੰਪਰੂਵਮੈਟਂ ਟਰੱਸਟ, ਬਠਿੰਡਾ ਤੋ ਇਲਾਵਾ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਮੁਖੀ ਅਤੇ ਵਿਗਿਆਨੀ ਸਾਮਲ ਹੋਏ|

ਕਿਸਾਨਾਂ ਨੂੰ ਸੰਬੋਧਨ ਕਰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੰਜਾਬ ਵਿੱਚ ਅਨੇਕਾਂ ਮੇਲੇ ਅਤੇ ਤਿਉਹਾਰ ਮਨਾਏ ਜਾਂਦੇ ਹਨ ਪਰ ਖੇਤੀ ਪ੍ਰਧਾਨ ਸੂਬੇ ਦੇ ਖੇਤੀ ਸਭਿਆਚਾਰ ਦੀਆਂ ਝਲਕੀਆਂ ਪੇਸ ਕਰਦੇ ਪੀਏਯੂ ਵੱਲੋ ਲਗਾਏ ਜਾਂਦੇ ਕਿਸਾਨ ਮੇਲਿਆਂ ਦੀ ਆਪਣੀ ਹੀ ਵਿਲੱਖਣਤਾ ਹੈ|ਉਨ੍ਹਾਂ ਕਿਹਾ ਕਿ ਖੇਤੀ ਜਲਵਾਯੂ ਵਿੱਚ ਹੋ ਰਹੀ ਹਲ-ਚਲ ਕਰਕੇ ਬਦਲ ਰਹੀਆਂ ਪ੍ਰਸਥਿਤੀਆਂ ਕਾਰਨ ਗਿਆਨ, ਵਿਗਿਆਨ ਅਤੇ ਤਕਨਾਲੋਜੀ ਦੇ ਇਸ ਯੱੁਗ ਵਿੱਚ ਖੇਤੀ ਦੀਆਂ ਤਕਨੀਕਾਂ ਵੀ ਨਿਤਾ ਪ੍ਰਤੀ ਬਦਲ ਰਹੀਆਂ ਹਨ ਅਤੇ ਸਮੇਂ ਦੇ ਹਾਣ ਦਾ ਹੋਣ ਲਈ ਕਿਸਾਨ ਮੇਲਿਆਂ ਵਿੱਚ ਵੱਧ ਤੋਂ ਵੱਧ ਸਿਰਕਤ ਕਰਕੇ ਇਸ ਨਵੀਨ ਗਿਆਨ ਨੂੰ ਹਾਸਿਲ ਕਰਨ ਦੀ ਲੋੜ ਹੈ| ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਦੇਸ ਦੀਆਂ 75 ਖੇਤੀ ਯੂਨੀਵਰਸਿਟੀਆਂ ਵਿੱਚ ਲਗਾਤਾਰ ਤੀਜੇ ਸਾਲ ਪਹਿਲੇ ਨੰਬਰ ਤੇ ਆਉਣ ਤੇ ਖੇਤੀ ਵਿਗਿਆਨੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ 153 ਪ੍ਰਤੀਸਤ ਰਕਬੇ ਵਾਲੇ ਛੋਟੇ ਜਿਹੇ ਸੂਬੇ ਦੇ ਮਿਹਨਕਸ ਕਿਸਾਨਾਂ ਅਤੇ ਖੇਤੀ ਵਿਗਿਆਨੀਆਂ ਨੇ ਸਖਤ ਮਿਹਨਤ ਕਰਕੇ ਅੰਨ ਦੇ ਅੰਬਾਰ ਲਗਾ ਕੇ ਦੇਸ ਨੂੰ ਅਨਾਜ ਸੁਰੱਖਿਆ ਪ੍ਰਦਾਨ ਕੀਤੀ ਹੈ, ਪਰ ਖਮਿਆਜੇ ਵਜੋ ਂਹੁਣ ਸਾਡਾ ਪੌਣ-ਪਾਣੀ ਪ੍ਰਭਾਵਿਤ ਹੋ ਰਿਹਾ ਹੈ, ਜਿਸ ਨੂੰ ਬਚਾਉਣ ਲਈ ਸਾਨੂੰ ਖੇਤੀ ਵਿਭਿੰਨਤਾ ਵੱਲ ਜਾਣਾ ਸਮੇ ਂਦੀ ਲੋੜ ਹੈ| ਉਨ੍ਹਾਂ ਕਿਹਾ ਕਿ ਭਾਵੇਂ ਖੇਤੀ ਸਾਡਾ ਵਿਰਾਸਤੀ ਕਿੱਤਾ ਹੈ ਜਿਥੋਂ ਸਾਡਾ ਚੰਗਾ ਗੁਜ਼ਾਰਾ ਹੁੰਦਾ ਹੈ ਪਰ ਖੇਤੀ ਆਮਦਨ ਨੂੰ ਵਧਾਉਣ ਲਈ ਸਾਨੂੰ ਡੇਅਰੀ ਪਾਲਣ, ਮੁਰਗੀ ਪਾਲਣ, ਬੱਕਰੀ ਪਾਲਣ ਅਤੇ ਮਧੂ-ਮੱਖੀ ਪਾਲਣ ਆਦਿ ਵਰਗੇ ਸਹਾਇਕ ਧੰਦਿਆ ਨੂੰ ਵੱਧ ਤੋਂ ਵੱਧ ਅਪਨਾਉਣਾ ਪਵੇਗਾ| ਪੌਣ-ਪਾਣੀ ਨੂੰ ਬਚਾਉਣ ਅਤੇ ਖੇਤੀ ਖੇਤਰ ਨੂੰ ਹੁਲਾਰਾ ਦੇਣ ਲਈ ਸਰਕਾਰੀ ਨੀਤੀਆ ਸਾਂਝੀਆਂ ਕਰਦਿਆਂ ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਖੇਤੀ ਨੂੰ ਉਤਸਾਹਿਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ|

ਇਸ ਮੌਕੇ ਸ ਜਗਰੂਪ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਦੇ ਮਿਹਨਤਕਸ ਕਿਸਾਨਾਂ ਨੇ ਖੇਤੀ ਦੇ ਹਰ ਖੇਤਰ ਵਿੱਚ ਵੱਡੀਆਂ ਮੱਲਾਂ ਮਾਰੀਆਂ| ਉਨ੍ਹਾਂ ਕਿਹਾ ਕਿ ਸਾਡੇ ਸਿਰੜੀ ਕਿਸਾਨ ਉਸ ਬੰਜਰ ਧਰਤੀ ਵਿਚੋ ਂਪੈਦਾ ਹੋਣ ਵਾਲੇ ਲੋਕ ਹਨ, ਜਿਨ੍ਹਾਂ ਨੇ ਵੱਧ ਤੋਂ ਵੱਧ ਫਲ ਦਿੱਤਾ ਪਰ ਖੇਤੀ ਜਿਨਸਾਂ ਦੇ ਉਚਿਤ ਮੰਡੀਕਰਨ ਦੀ ਘਾਟ ਕਾਰਨ ਅਸੀ ਂਜਿਆਦਾ ਮੁਨਾਫਾ ਨਾ ਕਮਾ ਸਕੇ| ਉਨ੍ਹਾਂ ਕਿਹਾ ਕਿ ਖੁਦ ਮੰਡੀਕਰਨ ਕਰਕੇ ਹੀ ਅਸੀ ਂਖੇਤੀ ਦੇ ਕਿੱਤੇ ਨੂੰ ਲਾਹੇਵੰਦ ਬਣਾ ਸਕਦੇ ਹਾਂ ਅਤੇ ਇਸ ਲਈ ਸਾਨੂੰ ਵਪਾਰਕ ਖੇਤੀ ਸਿੱਖਣੀ ਪਵੇਗੀ|

ਕਿਸਾਨਾਂ ਦੇ ਭਰਵੇ ਂਇਕੱਠ ਨੂੰ ਸੰਬੋਧਨ ਕਰਦਿਆਂ ਡਾ ਸਤਿਬੀਰ ਸਿੰਘ ਗੋਸਲ ਨੇ ਕਿਹਾ ਕਿ ਕਿਸਾਨ ਮੇਲੇ ਵਿੱਚ ਵੱਡੀ ਗਿਣਤੀ ਕਿਸਾਨਾਂ ਦਾ ਸਿਰਕਤ ਕਰਨਾ ਉਨ੍ਹਾਂ ਦਾ ਯੂਨੀਵਰਸਿਟੀ ਦੀਆਂ ਖੋਜ ਅਤੇ ਪਸਾਰ ਸੇਵਾਵਾਂ ਪ੍ਰਤੀ ਅਥਾਹ ਵਿਸਵਾਸ ਦਾ ਪ੍ਰਤੀਕ ਹੈ| ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵੱਲੋ ਂਲਗਾਏ ਜਾਂਦੇ ਕਿਸਾਨ ਮੇਲੇ ਕਿਸਾਨਾਂ ਅਤੇ ਖੇਤੀ ਵਿਗਿਆਨੀਆਂ ਨੂੰ ਇੱਕ ਮੰਚ ਤੇ ਇਕੱਠੇ ਹੋਣ ਦਾ ਸੁਨਹਿਰੀ ਮੌਕਾ ਪ੍ਰਦਾਨ ਕਰਦੇ ਹਨ ਅਤੇ ਕਿਸਾਨਾਂ ਵੱਲੋਂ ਯੂਨੀਵਰਸਿਟੀ ਦੀਆਂ ਸਿਫਾਰਿਸਾਂ ਨੂੰ ਲੈ ਕੇ ਦਿੱਤਾ ਜਾਂਦਾ ਫੀਡਬੈਕ ਯੂਨੀਵਰਸਿਟੀ ਦੀਆਂ ਖੋਜ ਅਤੇ ਪਸਾਰ ਸੇਵਾਵਾਂ ਨੂੰ ਨਵੇਂ ਦਿਸਾ ਨਿਰਦੇਸ ਦੇਣ ਵਿੱਚ ਸਹਾਈ ਹੁੰਦਾ ਹੈ| ਕਿਸਾਨ ਮੇਲੇ ਦੇ ਉਦੇਸ ਬਾਰੇ ਜਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਹੁਣ ਸਾਨੂੰ ਕਣਕ ਝੋਨੇ ਦੇ ਰਿਵਾਇਤੀ ਫਸਲੀ ਚੱਕਰ ਵਿਚੋਂ ਨਿਕਲ ਕੇ ਖੇਤੀ ਵਿਭਿੰਨਤਾ ਨੂੰ ਅਪਨਾਉਣਾ ਪਵੇਗਾ ਤਾਂ ਜੋ ਸਾਡਾ ਵਾਤਾਵਰਣ ਸੁਰੱਖਿਅਤ ਰਹਿ ਸਕੇ ਅਤੇ ਖੇਤੀ ਨਿਰੰਤਰਤਾ ਬਣੀ ਰਹੇ| ਪੌਣ-ਪਾਣੀ ਨੂੰ ਵੱਡਮੁੱਲਾ ਸਰਮਾਇਆ ਦੱਸਦਿਆਂ ਉਨ੍ਹਾਂ ਨੇ ਕੁਦਰਤੀ ਸਰੋਤਾਂ ਦੀ ਸਾਂਭ-ਸੰਭਾਲ ਤੇ ਜੋਰ ਦਿੰਦਿਆਂ ਕਿਹਾ ਕਿ ਖੇਤੀ ਵੰਨ-ਸੁਵੰਨਤਾ ਨੂੰ ਹੁਲਾਰਾ ਦੇਣ ਲਈ ਮੁੱਲ ਵਾਧੇ ਵਾਲੀਆਂ ਗੁਣਵੱਤਾ ਭਰਪੂਰ ਫਸਲਾਂ ਜਿਵੇਂ ਕਿ ਦਾਲਾਂ, ਤੇਲ ਬੀਜ, ਫਲਾਂ, ਫੁੱਲਾਂ ਅਤੇ ਸਬਜੀਆਂ ਆਦਿ ਫਸਲਾਂ ਦੀ ਕਾਸਤ ਕਰਨ ਦੀ ਲੋੜ ਹੈ| ਖੇਤੀ ਨੂੰ ਮੁਨਾਫੇ ਦਾ ਧੰਦਾ ਬਨਾਉਣ ਲਈ ਬਾਹਰਲੇ ਮੁਲਕਾਂ ਦੀ ਤਰਜ ਤੇ ਐਗਰੀ ਬਿਜਨੈਸ ਕਰਨ ਦਾ ਮਸਵਰਾ ਦਿੰਦਿਆਂ ਡਾ ਗੋਸਲ ਨੇ ਕਿਸਾਨਾਂ ਨੂੰ ਖੇਤੀ ਜਿਨਸਾਂ ਨੂੰ ਸਿੱਧਾ ਮੰਡੀ ਵਿੱਚ ਲਿਜਾਣ ਦੀ ਬਜਾਏ ਇਨ੍ਹਾਂ ਦੀ ਪ੍ਰੋਸੈਸਿੰਗ ਕਰਨ, ਡੱਬਾਬੰਦੀ ਕਰਨ ਅਤੇ ਮੰਡੀਕਰਨ ਖੁਦ ਕਰਨ ਦੀ ਸਿਫਾਰਿਸ ਕੀਤੀ| ਯੂਨੀਵਰਸਿਟੀ ਦੇ ਵੱਖ-ਵੱਖ ਕਾਲਜਾਂ ਅਤੇ ਇੰਸਟੀਚਿਊਟ ਆਫ ਐਗਰੀਕਲਚਰ, ਬਠਿੰਡਾ ਅਤੇ ਗੁਰਦਾਸਪੁਰ ਵੱਲੋਂ ਚਲਾਏ ਜਾ ਰਹੇ ਅਕਾਦਮਿਕ ਪ੍ਰੋਗਰਾਮਾਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਡਾ ਗੋਸਲ ਨੇ ਦੱਸਿਆ ਕਿ ਯੂਨੀਵਰਸਿਟੀ ਵੱਲੋਂ 10ਵੀਂ ਤੱਕ ਦੀ ਪੜ੍ਹਾਈ ਪਿੰਡਾਂ ਦੇ ਸਕੂਲਾਂ ਵਿੱਚ ਹਾਸਲ ਕਰਨ ਵਾਲੇ ਕਿਸਾਨਾਂ ਦੇ ਬੱਚਿਆਂ ਲਈ ਦਸ ਪ੍ਰਤੀਸਤ ਸੀਟਾਂ ਰਾਖਵੀਆਂ ਰੱਖੀਆਂ ਗਈਆਂ ਹਨ, ਇਸ ਕਰਕੇ ਕਿਸਾਨਾਂ ਨੂੰ ਆਪਣੇ ਬੱਚਿਆਂ ਨੂੰ ਵੱਧ ਤੋ ਂਵੱਧ ਖੇਤੀ ਸਿੱਖਿਆ ਮੁਹੱਈਆ ਕਰਵਾਉਣ ਦੀ ਲੋੜ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਗਿਆਨ ਵਿਗਿਆਨ ਅਤੇ ਤਕਨਾਲੋਜੀ ਨਾਲ ਜੁੜ ਕੇ ਖੇਤੀ ਨੂੰ ਲਾਹੇਵੰਦ ਧੰਦਾ ਬਣਾ ਸਕਣ| ਕਣਕ ਦੀ ਭਰਵੀ ਂਫਸਲ ਆਉਣ ਦੀ ਕਾਮਨਾ ਕਰਦਿਆਂ ਡਾ ਗੋਸਲ ਨੇ ਕਿਸਾਨਾਂ ਨੂੰ ਆਉਦਂੇ ਸਾਉਣੀ ਸੀਜਨ ਵਿੱਚ ਯੂਨੀਵਰਸਿਟੀ ਵੱਲੋ ਂਫਸਲਾਂ ਦੇ ਪ੍ਰਮਾਣਿਤ ਬੀਜਾਂ ਦੀ ਕਾਸਤ ਕਰਨ ਅਤੇ ਖੇਤੀ ਸਿਫਾਰਸਾਂ ਅਪਨਾਉਣ ਲਈ ਕਿਹਾ|

ਡਾ ਅਜਮੇਰ ਸਿੰਘ ਢੱਟ, ਨਿਰਦੇਸਕ ਖੋਜ, ਨੇ ਤਕਨਾਲੋਜੀ ਦੇ ਇਸ ਕਿਸਾਨ ਮੇਲੇ ਮੌਕੇ ਪੀਏਯੂ ਵੱਲੋ ਂਵਿਕਸਤ ਕੀਤੀਆਂ ਫਸਲਾਂ ਦੀਆਂ ਨਵੀਆਂ ਕਿਸਮਾਂ, ਉਤਪਾਦਨ ਅਤੇ ਪੌਦ ਸੁਰੱਖਿਆ ਤਕਨੀਕਾਂ ਅਤੇ ਖੇਤ ਮਸੀਨਰੀ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਯੂਨੀਵਰਸਿਟੀ ਦੇ ਖੇਤ ਵਿਗਿਆਨੀਆਂ ਵੱਲੋ ਂਹੁਣ ਤੱਕ 991 ਤੋਂ ਵੱਧ ਕਿਸਮਾਂ ਵਿਕਸਿਤ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿਚੋ ਂਲੱਗਭੱਗ 250 ਕਿਸਮਾਂ ਦੀ ਪਛਾਣ ਰਾਸਟਰੀ ਪੱਧਰ ਤੇ ਕਾਸਤ ਕਰਨ ਲਈ ਵੀ ਹੋਈ ਹੈ| ਉਨ੍ਹਾਂ ਨੇ ਝੋਨੇ ਦੀ 28-29 ਕੁਇੰਟਲ ਪ੍ਰਤੀ ਏਕੜ ਝਾੜ ਦੇਣ ਵਾਲੀ ਨਵੀ ਂਕਿਸਮ ਪੀਆਰ-133, ਕਪਾਹ ਦਾ 11 ਕੁਇੰਟਲ ਪ੍ਰਤੀ ਏਕੜ ਝਾੜ ਦੇਣ ਵਾਲੀ ਦੇਸੀ ਕਿਸਮ ਪੀਬੀਡੀ 88 ਅਤੇ ਮੱਕੀ ਦਾ 25 ਕੁਇੰਟਲ ਪ੍ਰਤੀ ਏਕੜ ਝਾੜ ਦੇਣ ਵਾਲੀ ਕਿਸਮ ਐਨਕੇ 7328 ਤੋਂ ਇਲਾਵਾ ਸਬਜੀਆਂ ਦੀਆਂ ਫਸਲਾਂ ਦੀਆਂ ਕਿਸਮਾਂ ਵਿੱਚ ਖਰਬੂਜੇ ਦੀ ਹਾਈਬ੍ਰਿਡ ਕਿਸਮ ਐਮਐਚ 56, ਨੈਟੱ ਪੋਲੀਹਾਊਸ ਵਿੱਚ ਕਾਸਤ ਕਰਨ ਲਈ ਬੈਗਂਣ ਦੀ ਹਾਈਬ੍ਰਿਡ ਕਿਸਮ ਪੀਸੀਬੀਐਚ 7, ਕਾਲੀ ਤੋਰੀ ਪੀਐਸਜੀਐਚ-1 ਅਤੇ ਪੀਐਸਜੀਐਚ-2, ਘੀਆ ਤੋਰੀ 5 ਅਤੇ 18, ਮਟਰ ਅਗੇਤਾ 8 ਅਤੇ ਪੰਜਾਬ 90 ਦੇ ਨਾਲ-ਨਾਲ ਫਲਾਂ ਦੀਆਂ ਕਿਸਮਾਂ ਵਿੱਚ ਪੰਜਾਬ ਆੜੂ 1 ਅਤੇ ਪੰਜਾਬ ਆੜੂ 2, ਪੰਜਾਬ ਨੈਕਟ੍ਰਨ 2 ਬਾਰੇ ਵਿਸਥਾਰ-ਪੂਰਵਕ ਜਾਣਕਾਰੀ ਦਿੱਤੀ| ਪੌਦ ਸੁਰੱਖਿਆ ਵਿੱਚ ਯੂਨੀਵਰਸਿਟੀ ਵੱਲੋਂ ਦਿੱਤੀਆਂ 23 ਸਿਫਾਰਿਸਾਂ ਸਾਂਝੀਆਂ ਕਰਦਿਆਂ ਵਾਤਾਵਰਣ ਦੀ ਸਾਂਭ-ਸੰਭਾਲ ਲਈ ਉਨ੍ਹਾਂ ਨੇ ਫਸਲਾਂ ਦੀ ਰਹਿੰਦ-ਖੰੂਹਦ ਦੀ ਉਚਿਤ ਸਾਂਭ-ਸੰਭਾਲ ਅਤੇ ਖੇਤੀ ਰਸਾਇਣਾਂ ਦੀ ਯੂਨੀਵਰਸਿਟੀ ਸਿਫਾਰਸਾਂ ਮੁਤਾਬਿਕ ਵਰਤੋ ਂਕਰਨ ਦੀ ਤਾਕੀਦ ਕੀਤੀ|

ਕਿਸਾਨ ਮੇਲੇ ਵਿੱਚ ਸਿਰਕਤ ਕਰ ਰਹੇ ਕਿਸਾਨਾਂ, ਪਤਵੰਤਿਆਂ ਅਤੇ ਵਿਗਿਆਨੀਆਂ ਨੂੰ ਨਿੱਘਾ ਜੀ ਆਇਆਂ ਕਹਿੰਦਿਆਂ ਡਾ ਮੱਖਣ ਸਿੰਘ ਭੁੱਲਰ, ਨਿਰਦੇਸਕ ਪਸਾਰ ਸਿੱਖਿਆ ਨੇ ਪੀਏਯੂ ਵੱਲੋ ਲਗਾਏ ਜਾਂਦੇ ਕਿਸਾਨ ਮੇਲਿਆਂ ਨੂੰ ਗਿਆਨ, ਵਿਗਿਆਨ ਅਤੇ ਤਕਨਾਲੋਜੀ ਦਾ ਮਹਾਂਕੁੰਭ ਦੱਸਦਿਆਂ ਕਿਹਾ ਕਿ ਖੇਤੀ ਸਬੰਧੀ ਅਤਿ-ਆਧੁਨਿਕ ਜਾਣਕਾਰੀ ਹਾਸਿਲ ਕਰਨ ਲਈ ਅਤੇ ਖੇਤੀ ਸਮੱਸਿਆਵਾਂ ਦਾ ਹੱਲ ਕਰਨ ਲਈ ਇਹ ਕਿਸਾਨ ਮੇਲੇ ਬਹੁਤ ਸਹਾਈ ਹੁੰਦੇ ਹਨ| ਯੂਨੀਵਰਸਿਟੀ ਵੱਲੋ ਂਲਗਾਈਆਂ ਖੇਤ ਪ੍ਰਦਰਸਨੀਆਂ ਅਤੇ ਨੁਮਾਇਸਾਂ ਦਾ ਦੌਰਾ ਕਰਨ ਦੀ ਅਪੀਲ ਕਰਦਿਆਂ ਡਾ ਭੁੱਲਰ ਨੇ ਕਿਸਾਨਾਂ ਨੂੰ ਂਖੇਤੀ ਸਹਾਇਕ ਧੰਦਿਆਂ ਨੂੰ ਉਤਸਾਹਿਤ ਕਰਨ ਲਈ ਯੂਨੀਵਰਸਿਟੀ ਦੇ ਵੱਖ-ਵੱਖ ਕ੍ਰਿਸੀ ਵਿਗਿਆਨ ਕੇਦਂਰਾਂ ਵੱਲੋ ਦਿੱਤੀਆਂ ਜਾਂਦੀਆਂ ਸਿਖਲਾਈਆਂ ਬਾਰੇ ਵਿਸਥਾਰ-ਪੂਰਵਕ ਜਾਣਕਾਰੀ ਦਿੱਤੀ| ਵਿਗਿਆਨਕ ਲੀਹਾਂ ਤੇ ਖੇਤੀ ਕਰਨ ਲਈ ਯੂਨੀਵਰਸਿਟੀ ਵੱਲੋ ਂਪ੍ਰਕਾਸਿਤ ਕੀਤੇ ਜਾਂਦੇ ਖੇਤੀ ਸਹਿਤ ਨਾਲ ਜੁੜਨ ਲਈ ਪ੍ਰੇਰਦਿਆਂ ਉਨ੍ਹਾਂ ਨੇ ਖੇਤੀ ਰਸਾਲੇ, 'ਚੰਗੀ ਖੇਤੀ' ਅਤੇ 'ਪ੍ਰੋਗਰੈਸਿਵ ਫਾਰਮਿੰਗ' ਦੇ ਮੈਬੰਰ ਬਣਨ ਅਤੇ ਸਾਉਣੀ ਦੀਆਂ ਫਸਲਾਂ ਦੀਆਂ ਸਿਫਾਰਿਸਾਂ ਪੁਸਤਕ ਪੜ੍ਹਨ ਲਈ ਕਿਹਾ|

ਮੰਚ ਸੰਚਾਲਨ ਕਰਦਿਆਂ ਡਾ ਤੇਜਿੰਦਰ ਸਿੰਘ ਰਿਆੜ, ਅੱਪਰ ਨਿਰਦੇਸਕ ਸੰਚਾਰ, ਪੀਏਯੂ ਨੇ ਵਿਗਿਆਨ ਅਤੇ ਤਕਨਾਲੋਜੀ ਦੇ ਇਸ ਯੁੱਗ ਵਿੱਚ ਕਿਸਾਨਾਂ ਨੂੰ ਸਮੇਂ ਦਾ ਹਾਣੀ ਬਣ ਕੇ ਖੇਤੀ ਸਬੰਧਿਤ ਅਤਿ-ਆਧੁਨਿਕ ਜਾਣਕਾਰੀ ਹਾਸਿਲ ਕਰਨ ਲਈ ਪੀਏਯੂ ਦੇ ਹਫਤਾਵਰ ਡਿਜੀਟਲ ਅਖਬਾਰ, ਖੇਤੀ ਸੰਦੇਸ, ਪੀਏਯੂ ਫੇਸਬੁੱਕ ਲਾਈਵ ਪ੍ਰੋਗਰਾਮ, ਪੀਏਯੂ ਵੱਟਸਐਪ ਗਰੁੱਪਾਂ ਅਤੇ ਯੂ-ਟਿਊਬ ਚੈਨਲਾਂ ਨਾਲ ਵੱਧ ਤੋ ਂਵੱਧ ਜੁੜਨ ਲਈ ਕਿਹਾ| ਖੇਤੀ ਆਮਦਨ ਵਿੱਚ ਵਾਧਾ ਕਰਨ ਲਈ ਯੂਨੀਵਰਸਿਟੀ ਦੇ ਸਕਿੱਲ ਡਿਵੈਲਪਮੈਟਂ ਸੈਟਂਰ ਨਾਲ ਰਾਬਤਾ ਕਾਇਮ ਕਰਕੇ ਖੇਤੀ ਪ੍ਰੋਸੈਸਿੰਗ ਨੂੰ ਉਤਸਾਹਿਤ ਕਰਦਿਆਂ ਡਾ ਰਿਆੜ ਨੇ ਯੂਨੀਵਰਸਿਟੀ ਵੱਲੋ ਂਤਿਆਰ ਕੀਤੇ ਸੰਯੁਕਤ ਖੇਤੀ ਮਾਡਲ ਬਾਰੇ ਵਿਸਥਾਰ-ਪੂਰਵਕ ਜਾਣਕਾਰੀ ਦਿੱਤੀ|

ਇਸ ਮੌਕੇ ਬਾਗਬਾਨੀ ਖੇਤਰ ਵਿੱਚ (ਫਲਾਂ, ਸਬਜੀਆਂ ਅਤੇ ਫੁੱਲਾਂ ਦੀ ਕਾਸਤ ਲਈ) ਜਥੇਦਾਰ ਗੁਰਾਦਿੱਤਾ ਸਿੰਘ ਮਾਹਲ ਯਾਦਗਾਰੀ ਪੁਰਸਕਾਰ ਸ ਜਰਨੈਲ ਸਿੰਘ ਪੁੱਤਰ ਸ ਅਜੀਤ ਸਿੰਘ, ਪਿੰਡ ਜਗਤਪੁਰਾ, ਬਲਾਕ ਗੰਢੀਵਿੰਡ, ਜਿਲ੍ਹਾ ਤਰਨਤਾਰਨ ਨੂੰ ਪ੍ਰਦਾਨ ਕੀਤਾ ਗਿਆ|

ਡਾ ਕਰਮਜੀਤ ਸਿੰਘ ਸੇਖੋਂ, ਨਿਰਦੇਸ਼ਕ, ਖੇਤਰੀ ਖੋਜ ਕੇਂਦਰ, ਬਠਿੰਡਾ ਨੇ ਧੰਨਵਾਦ ਦੇ ਸ਼ਬਦ ਕਹਿੰਦਿਆਂ ਕਿਸਾਨਾਂ ਨੂੰ ਯੂਨੀਵਰਸਿਟੀ ਵੱਲੋਂ ਤਿਆਰ ਕੀਤੀਆਂ ਸਬਜੀਆਂ, ਤੇਲਬੀਜਾਂ, ਮੋਟੇ ਅਨਾਜਾਂ ਅਤੇ ਚਾਰੇ ਦੀਆਂ ਫਸਲਾਂ ਦੀਆਂ ਕਿੱਟਾਂ, ਫਲਾਂ ਅਤੇ ਫੁੱਲਾਂ ਦੇ ਬੂਟੇ ਖਰੀਦਣ ਲਈ ਕਿਹਾ|